**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਹੁਸ਼ਿਆਰਪੁਰ**

**ਪ੍ਰੈਸ ਨੋਟ-2**

## -ਐਤਵਾਰ ਨੂੰ ਸਰਕਾਰੀ ਮੁਲਾਜ਼ਮ ਕਰਨਗੇ ਦਫ਼ਤਰਾਂ ਦੀ ਸਫ਼ਾਈ

### -ਜ਼ਿਲ੍ਹੇ ਦੇ ਇਤਿਹਾਸਕ ਸਥਾਨਾਂ ਦੀ ਬਦਲੀ ਜਾਵੇਗੀ ਦਿੱਖ

**ਹੁਸ਼ਿਆਰਪੁਰ, 15 ਸਤੰਬਰ:**

ਡਿਪਟੀ ਕਮਿਸ਼ਨਰ ਸ੍ਰੀ ਵਿਪੁਲ ਉਜਵਲ ਨੇ ਜ਼ਿਲ੍ਹਾ ਅਧਿਕਾਰੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ 'ਸਵੱਛਤਾ ਹੀ ਸੇਵਾ' ਪੰਦਰਵਾੜਾ ਨੂੰ ਸਫ਼ਲ ਬਣਾਉਣ ਲਈ ਹਰੇਕ ਵਿਅਕਤੀ ਨੂੰ ਅੱਗੇ ਆਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ, ਉਦਯੋਗਿਕ ਅਦਾਰੇ, ਸਰਕਾਰੀ ਮੁਲਾਜ਼ਮਾਂ ਅਤੇ ਆਮ ਜਨਤਾ ਦੇ ਸਾਂਝੇ ਉਦਮ ਸਦਕਾ ਹੀ ਜ਼ਿਲ੍ਹੇ, ਸੂਬੇ ਅਤੇ ਭਾਰਤ ਨੂੰ ਸਾਫ਼-ਸੁਥਰਾ ਬਣਾਇਆ ਜਾ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਫ਼ਾਈ ਵਿਵਸਥਾ ਸਬੰਧੀ ਚੱਲਣ ਵਾਲੇ ਇਸ ਮਹਾਂਕੁੰਭ ਦੌਰਾਨ 17 ਸਤੰਬਰ ਨੂੰ ਸੇਵਾ ਦਿਵਸ ਮਨਾਉਂਦੇ ਹੋਏ 'ਸ਼ਰਮਦਾਨ' ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ, ਜਿਸ ਤਹਿਤ ਸਾਰੇ ਅਧਿਕਾਰੀ ਅਤੇ ਮੁਲਾਜ਼ਮ ਆਪਣੇ ਦਫ਼ਤਰਾਂ ਦੀ ਸਫਾਈ ਯਕੀਨੀ ਬਣਾਉਣਗੇ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਇਤਿਹਾਸਕ ਸਥਾਨਾਂ ਅਤੇ ਮੇਨ ਚੌਕਾਂ ਦੀ ਵੀ ਸਫਾਈ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਜਨਤਕ ਪਖਾਨਿਆਂ ਦੀ ਸਫ਼ਾਈ, ਪਿੰਡਾਂ ਵਿੱਚ ਕੂੜੇ ਦੇ ਢੇਰਾਂ ਤੋਂ ਇਲਾਵਾ ਸਕੂਲਾਂ ਵਿੱਚ ਸਫ਼ਾਈ ਸਬੰਧੀ ਸੈਮੀਨਾਰ ਅਤੇ ਮੁਕਾਬਲੇ ਆਦਿ ਵੀ ਕਰਵਾਏ ਜਾਣਗੇ।

ਸ੍ਰੀ ਵਿਪੁਲ ਉਜਵਲ ਨੇ ਦੱਸਿਆ ਕਿ 24 ਸਤੰਬਰ ਨੂੰ 'ਸਮਗਰ ਸਵੱਛਤਾ' ਤਹਿਤ ਜ਼ਿਲ੍ਹੇ ਦੀਆਂ ਸਾਰੀਆਂ ਵਿਦਿਅਕ ਸੰਸਥਾਵਾਂ, ਪੰਚਾਇਤ ਭਵਨ, ਜੰਞਘਰ, ਧਰਮਸ਼ਲਾਵਾਂ, ਕਮਿਊਨਿਟੀ ਸੈਂਟਰ, ਜੁਵਨਾਈਲ ਹੋਮ, ਚੌਕਾਂ, ਫਲਾਈ ਓਵਰਜ਼ ਅਤੇ ਸ਼ਹਿਰ ਦੀਆਂ ਮੁੱਖ ਸੜਕਾਂ ਦੀ ਸਫ਼ਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 25 ਸਤੰਬਰ ਨੂੰ 'ਸਰਵਤਰ ਸਵੱਛਤਾ' ਅਭਿਆਨ ਤਹਿਤ ਹਸਪਤਾਲਾਂ, ਪਾਰਕਾਂ, ਸਮਾਰਕਾਂ, ਬੱਸ ਅੱਡਿਆਂ, ਛੱਪੜਾਂ, ਰੇਲਵੇ ਸਟੇਸ਼ਨਾਂ ਤੋਂ ਇਲਾਵਾ ਨਹਿਰਾਂ, ਚੋਆਂ, ਚਿਲਡਰਨ ਹੋਮ ਅਤੇ ਓਲਡਏਜ ਹੋਮ ਦੀ ਸਫ਼ਾਈ ਵੀ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ 1 ਅਕਤੂਬਰ ਨੂੰ ਵੀ ਇਸ ਮੁਹਿੰਮ ਤਹਿਤ ਘੰਟਾਘਰ, ਗਰੀਨ ਵਿਊ ਪਾਰਕ, ਕਮਾਹੀ ਦੇਵੀ ਟੈਂਪਲ, ਸ਼ਹੀਦ ਭਗਤ ਸਿੰਘ ਮਿਊਜ਼ੀਅਮ ਮੋਰਾਂਵਾਲੀ ਅਤੇ ਸ਼ੀਸ਼ ਮਹਿਲ ਆਦਿ ਦੀ ਸਫ਼ਾਈ ਵੀ ਇਸ ਵਿਸ਼ੇਸ਼ ਅਭਿਆਨ ਰਾਹੀਂ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਤੋਂ ਇਲਾਵਾ ਉਦਯੋਗਿਕ ਅਦਾਰੇ ਜ਼ਿਲ੍ਹੇ ਦੀ ਸਫ਼ਾਈ ਪੱਖੋਂ ਨੁਹਾਰ ਬਦਲਣ ਲਈ ਵਡਮੁੱਲਾ ਯੋਗਦਾਨ ਪਾ ਸਕਦੇ ਹਨ। ਉਨ੍ਹਾਂ ਆਮ ਜਨਤਾ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਘਰ, ਆਲੇ-ਦੁਆਲੇ, ਪਿੰਡ ਜਾਂ ਸ਼ਹਿਰ ਦੀ ਦਿੱਖ ਬਦਲਣ ਲਈ ਆਪਣਾ ਬਹੁਮੁੱਲਾ ਯੋਗਦਾਨ ਜ਼ਰੂਰ ਦੇਣ।

ਉਧਰ ਅੱਜ ਅਹੀਆਪੁਰ ਅਤੇ ਪਿੰਡ ਸੀਬੋਚੱਕ ਵਿਖੇ ਪਿੰਡ ਦੀਆਂ ਪੰਚਾਇਤਾਂ, ਆਂਗਣਵਾੜੀ ਵਰਕਰਾਂ, ਮਹਿਲਾ ਮੰਡਲ ਦੇ ਮੈਂਬਰਾਂ ਅਤੇ ਆਮ ਜਨਤਾ ਵਲੋਂ ਪਿੰਡਾਂ ਦੀ ਸਫ਼ਾਈ ਕੀਤੀ ਗਈ। ਇਸ ਤੋਂ ਇਲਾਵਾ ਖੇਤੀ ਭਵਨ ਹੁਸ਼ਿਆਰਪੁਰ ਵਿਖੇ ਸਮੂਹ ਕਰਮਚਾਰੀਆਂ ਅਤੇ ਅਧਿਕਾਰੀਆਂ ਨੇ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਪ੍ਰਣ ਲੈਂਦਿਆਂ 2 ਅਕਤੂਬਰ ਤੱਕ ਚੌਗਿਰਦੇ ਦੀ ਸਫ਼ਾਈ ਕਰਨ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਪ੍ਰੇਰਿਤ ਕਰਨ ਦਾ ਸੰਕਲਪ ਲਿਆ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀਮਤੀ ਅਨੁਪਮ ਕਲੇਰ, ਸਹਾਇਕ ਕਮਿਸ਼ਨਰ (ਜ) ਸ੍ਰੀ ਅਮਰਜੀਤ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਸ੍ਰੀ ਅਮਨ ਪਾਲ ਸਿੰਘ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।







